ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।

ਵਿਸ਼ਾ: ਸਰਕਾਰੀ ਕਰਮਚਾਰੀਆਂ / ਅਧਿਕਾਰੀਆਂ ਦੀਆਂ ਆਮ ਬਦਲੀਆਂ ਅਤੇ ਤਾਇਨਾਤੀਆਂ ਕਰਨ ਸਬੰਧੀ ਸਮਾਂ ਜਾਰੀ ਕਰਨ ਬਾਰੇ।

ਉਪਰੋਕਤ ਵਿਸ਼ੇ ਤੇ ਪ੍ਰਸੋਨਲ ਵਿਭਾਗ ਦੇ ਪੱਤਰ ਮਿਤੀ: 23.4.2018 ਅਤੇ 16.5.2018 ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਕਾਪੀ ਆਪ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਐਨ.ਆਈ.ਸੀ.ਨਾਲ ਤਾਲਮੇਲ ਕਰਕੇ ਇਸਨੂੰ ਦਫਤਰ ਦੀ ਵੈਬਸਾਈਟ ਤੇ ਅੱਜ ਹੀ ਅਪਲੋਡ ਕੀਤਾ ਜਾਵੇ ਅਤੇ ਕੀਤੀ ਗਈ ਕਾਰਵਾਈ ਤੋਂ ਇਸ ਸ਼ਾਖਾ ਨੂੰ ਜਾਣੂ ਕਰਵਾਇਆ ਜਾਵੇ।

ੜਪੰ

ਡਿਪਟੀ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ।

k

ਵੱਲ

ਨਰਾਇਨ ਬੀਰ ,
ਪ੍ਰੋਜੈਕਟਰ ਕੁਆਰਡੀਨੇਟਰ,
ਮੁੱਖ ਦਫਤਰ।

ਅੰ:ਵਿ:ਪੱ:ਨੰ:ਸਟਕ ਅ(ਸ-3)/ 106443 ਮਿਤੀ: 7/06/18

Dear Concerned from Smartchip,
Kindly upload the instructions related to Transfers of Govt. employees on the admin portal as per instructions of W/DSTC. Ensure it is done today itself and confirm please.

Regards.
Narain
27.06.18

Annexure 'A'
& Annexure 'B'

PSTS/MIS/00112
27/6/18

Annexure-A

ਨੰ: 7/1/2014-1ਪੀਪੀ2(3ਪੀ.ਪੀ.2)/ 1236300/1

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀ-2 ਸ਼ਾਖਾ)

ਮਿਤੀ ਚੰਡੀਗੜ੍ਹ:16.05.2018

ਸੇਵਾ ਵਿਖੇ

1. ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ; ਡਵੀਜ਼ਨਾਂ ਦੇ ਕਮਿਸਨਰਜ਼; ਡਿਪਟੀ ਕਮਿਸ਼ਨਰਜ਼ ਅਤੇ ਉੱਪ ਮੰਡਲ ਅਫਸਰ(ਸਿਵਲ)।
2. ਰਾਜ ਦੇ ਸਮੂਹ ਬੋਰਡ/ਕਾਰਪੋਰੇਸ਼ਨਾਂ ਦੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ।

ਵਿਸ਼ਾ:- ਸਰਕਾਰੀ ਕਰਮਚਾਰੀਆਂ/ਅਧਿਕਾਰੀਆਂ ਦੀਆਂ ਆਮ ਬਦਲੀਆਂ ਅਤੇ ਤਾਇਨਾਤੀਆਂ ਕਰਨ ਸਬੰਧੀ ਸਮਾਂ ਜਾਰੀ ਕਰਨ ਬਾਰੇ।

ਸ੍ਰੀਮਤੀ/ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਸ ਵਿਭਾਗ ਵੱਲੋਂ ਪੱਤਰ ਨੰ: 7/1/2014-1ਪੀਪੀ2(3ਪੀਪੀ2)/1216986/1-2, ਮਿਤੀ:23.04.2018 ਰਾਹੀਂ ਜਾਰੀ ਟਰਾਂਸਫਰ ਪਾਲਿਸੀ ਦੇ ਪੈਰ੍ਹਾ-3(ੳ) ਵੱਲ ਧਿਆਨ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਰਾਜ ਵਿਚ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ ਅਤੇ ਲੋਕ ਖੇਤਰੀ ਅਦਾਰਿਆਂ ਦੇ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸਾਲ 2018-19 ਦੌਰਾਨ ਆਮ ਬਦਲੀਆਂ ਅਤੇ ਤੈਨਾਤੀਆਂ ਕਰਨ ਦਾ ਸਮਾਂ <u>ਇਸ ਪੱਤਰ ਦੇ ਜਾਰੀ ਹੋਣ ਦੀ ਮਿਤੀ ਤੋਂ ਲੈ ਕੇ 11.6.2018 ਤੱਕ</u> ਹੋਵੇਗਾ। ਉਚੇਰੀ ਸਿੱਖਿਆ ਵਿਭਾਗ/ਤਕਨੀਕੀ ਸਿੱਖਿਆ ਤੇ ਸਿਖਲਾਈ ਵਿਭਾਗ/ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਲਈ ਉਹਨਾਂ ਅਧੀਨ ਸੰਸਥਾਵਾਂ ਦੇ ਵਿਦਿਅਕ ਵਰ੍ਹੇ ਨੂੰ ਮੁੱਖ ਰੱਖਦੇ ਹੋਏ ਆਮ ਬਦਲੀਆਂ ਅਤੇ ਤੈਨਾਤੀਆਂ ਕਰਨ ਦਾ ਸਮਾਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਮਿਤੀ <u>01.06.2018 ਤੋਂ 02.07.2018</u> ਤੱਕ ਹੋਵੇਗਾ।

2. ਮੈਨੂੰ ਇਹ ਵੀ ਲਿਖਣ ਦੀ ਹਦਾਇਤ ਹੋਈ ਹੈ ਕਿ ਹਵਾਲਾ ਅਧੀਨ ਪੱਤਰ ਮਿਤੀ:23.04.2018 ਰਾਹੀਂ ਜਾਰੀ ਟਰਾਂਸਫਰ ਪਾਲਿਸੀ ਵਿਚ ਪੈਰ੍ਹਾ 4(ੳ) ਵਿੱਚ ਦਰਜ "ਸਬੰਧਤ ਕੈਲੰਡਰ ਸਾਲ ਵਿਚ" ਸ਼ਬਦਾਂ ਨੂੰ ਖਤਮ (Delete) ਕਰ ਦਿੱਤਾ ਗਿਆ ਹੈ।

ਵਿਸ਼ਵਾਸ਼ਪਾਤਰ,

(ਹਰਬੰਸ ਸਿੰਘ)
ਉੱਪ ਸਕੱਤਰ ਪ੍ਰਸੋਨਲ

Annexure B

ਨੰ: 7/1/2014-1ਪੀਪੀ2(3ਪੀ.ਪੀ.2)/1216986/1-2

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀ-2 ਸ਼ਾਖਾ)

ਮਿਤੀ ਚੰਡੀਗੜ੍ਹ:23.04.2018

ਸੇਵਾ ਵਿਖੇ

1. ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ; ਡਵੀਜ਼ਨਾਂ ਦੇ ਕਮਿਸਨਰਜ਼; ਡਿਪਟੀ ਕਮਿਸ਼ਨਰਜ਼ ਅਤੇ ਉੱਪ ਮੰਡਲ ਅਫਸਰ(ਸਿਵਲ)।
2. ਰਾਜ ਦੇ ਸਮੂਹ ਬੋਰਡ/ਕਾਰਪੋਰੇਸ਼ਨਾਂ ਦੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ।

ਵਿਸ਼ਾ:- **ਸਰਕਾਰੀ ਕਰਮਚਾਰੀਆਂ ਦੀਆਂ ਬਦਲੀਆਂ ਅਤੇ ਤਾਇਨਾਤੀਆਂ ਕਰਨ ਸਬੰਧੀ ਨੀਤੀ।**

ਸ੍ਰੀਮਤੀ/ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਰਾਜ ਵਿੱਚ ਸਰਕਾਰੀ ਕਰਮਚਾਰੀਆਂ/ਲੋਕ ਖੇਤਰੀ ਅਦਾਰਿਆਂ ਦੇ ਕਰਮਚਾਰੀਆਂ ਦੀਆਂ ਆਮ ਬਦਲੀਆਂ ਅਤੇ ਤਾਇਨਾਤੀਆਂ ਕਰਨ ਸਬੰਧੀ ਨੀਤੀ ਹੇਠ ਅਨੁਸਾਰ ਹੋਵੇਗੀ:-

**ਕਾਰਜਕਾਲ (Tenure):**

1.1 (ੳ) ਗਰੁੱਪ ਏ ਅਤੇ ਗਰੁੱਪ ਬੀ ਦੇ ਅਧਿਕਾਰੀ ਸਮੁੱਚੀ ਸੇਵਾ ਦੌਰਾਨ ਇੱਕ ਜ਼ਿਲ੍ਹੇ ਵਿਚ ਵੱਧ ਤੋਂ ਵੱਧ 15 ਸਾਲ ਤੱਕ ਸੇਵਾ ਕਰ ਸਕਣਗੇ। ਪ੍ਰੰਤੂ ਇਹ ਸ਼ਰਤ ਜ਼ਿਲ੍ਹਾ ਕਾਡਰ ਅਧੀਨ ਕੰਮ ਕਰਦੇ ਅਤੇ ਵਿਭਾਗ ਦੇ ਮੁੱਖ ਦਫਤਰ ਵਿਚ ਕੰਮ ਕਰਦੇ ਅਧਿਕਾਰੀਆਂ ਤੇ ਲਾਗੂ ਨਹੀਂ ਹੋਵੇਗੀ।

(ਅ) ਕੋਈ ਵੀ ਗਰੁੱਪ ਏ ਅਤੇ ਗਰੁੱਪ ਬੀ ਦਾ ਅਧਿਕਾਰੀ ਇੱਕ ਸਥਾਨ (station) ਤੇ ਲਗਾਤਾਰ ਪੰਜ ਸਾਲ ਤੋਂ ਵੱਧ ਤਾਇਨਾਤ ਨਹੀਂ ਰਹੇਗਾ। ਜੇਕਰ ਕੋਈ ਅਧਿਕਾਰੀ ਇੱਕ ਸਥਾਨ ਤੇ ਲਗਾਤਾਰ 3 ਸਾਲ ਤੋਂ ਵੱਧ ਸਮੇਂ ਲਈ ਤਾਇਨਾਤ ਰਹਿੰਦਾ ਹੈ ਤਾਂ ਦੁਬਾਰਾ ਉਸੇ ਸਥਾਨ ਤੇ ਤਾਇਨਾਤੀ ਘੱਟੋ-ਘੱਟ ਦੋ ਸਾਲ ਦੇ ਵਕਫ਼ੇ (Cooling off period) ਤੋਂ ਪਹਿਲਾਂ ਨਹੀਂ ਕੀਤੀ ਜਾਵੇਗੀ।

(ੲ) ਗਰੁੱਪ ਏ ਅਤੇ ਗਰੁੱਪ ਬੀ ਦੇ ਅਧਿਕਾਰੀਆਂ ਦੀ ਬਦਲੀ 2 ਸਾਲ ਤੋਂ ਪਹਿਲਾਂ ਨਹੀਂ ਕੀਤੀ ਜਾਵੇਗੀ। ਪ੍ਰੰਤੂ ਵਿਸ਼ੇਸ਼ ਪ੍ਰਸ਼ਾਸਕੀ ਹਾਲਾਤ ਵਿਚ ਜਾਂ ਅਧਿਕਾਰੀ ਦੀ ਗੰਭੀਰ ਨਿੱਜੀ ਸਮੱਸਿਆ ਦੇ ਮੱਦੇਨਜ਼ਰ ਅਧਿਕਾਰੀ ਦੀ ਬਦਲੀ 2 ਸਾਲ ਤੋਂ ਪਹਿਲਾਂ ਵੀ ਕੀਤੀ ਜਾ ਸਕੇਗੀ। ਪ੍ਰੰਤੂ ਗਰੁੱਪ-ਏ ਦੇ ਅਧਿਕਾਰੀਆਂ ਦੀ ਅਜਿਹੀ ਬਦਲੀ ਪ੍ਰਸੋਨਲ ਵਿਭਾਗ ਦੀ ਪੂਰਵ ਪ੍ਰਵਾਨਗੀ ਉਪਰੰਤ ਹੀ ਕੀਤੀ ਜਾਵੇਗੀ। ਗਰੁੱਪ-ਬੀ ਦੇ ਅਧਿਕਾਰੀਆਂ ਦੀ ਅਜਿਹੀ ਬਦਲੀ ਵਿਭਾਗ ਦੀ ਸਮਰੱਥ ਅਥਾਰਿਟੀ ਵੱਲੋਂ ਬਦਲੀ ਦੇ ਵਿਸ਼ੇਸ਼ ਕਾਰਨ ਰਿਕਾਰਡ ਕਰਦੇ ਹੋਏ ਕੀਤੀ ਜਾ ਸਕੇਗੀ।

॥ 2 ॥

ਸਾਲ ਤੱਕ ਪਤੀ ਦੇ ਰੋਜ਼ਗਾਰ ਵਾਲੇ ਸਥਾਨ ਤੇ ਜਾਂ ਨੇੜੇ ਦੇ ਸਥਾਨ ਤੇ ਤਾਇਨਾਤ ਕਰਨ ਦੀ ਕੋਸ਼ਿਸ਼ ਕੀਤੀ ਜਾਵੇ।

**ਮੱਧਕਾਲੀਨ ਬਦਲੀਆਂ (Mid-term transfers):**

3. (ੳ) ਸਰਕਾਰੀ ਕਰਮਚਾਰੀਆਂ/ਲੋਕ ਖੇਤਰੀ ਅਦਾਰਿਆਂ ਦੇ ਕਰਮਚਾਰੀਆਂ ਦੀਆਂ ਆਮ ਬਦਲੀਆਂ ਅਤੇ ਤਾਇਨਾਤੀਆਂ ਦਾ ਸਮਾਂ ਸਰਕਾਰ ਵੱਲੋਂ ਹਰ ਸਾਲ ਜਾਰੀ ਕੀਤਾ ਜਾਵੇਗਾ ਅਤੇ ਆਮ ਬਦਲੀਆਂ ਉਸ ਸਮੇਂ ਦੌਰਾਨ ਹੀ ਕੀਤੀਆਂ ਜਾਣਗੀਆਂ। ਪ੍ਰੰਤੂ ਹੇਠਲੇ ਕੇਸਾਂ ਵਿੱਚ ਪ੍ਰਬੰਧਕੀ ਵਿਭਾਗਾਂ ਵੱਲੋਂ ਆਪਣੇ ਪੱਧਰ ਤੇ ਮੱਧ-ਕਾਲੀਨ ਬਦਲੀਆਂ ਕੀਤੀਆਂ ਜਾ ਸਕਦੀਆਂ ਹਨ ਬਸ਼ਰਤੇ ਕਿ ਪ੍ਰਬੰਧਕੀ ਸਕੱਤਰ ਵੱਲੋਂ ਇਹ ਨਿੱਜੀ ਤੌਰ ਤੇ ਯਕੀਨੀ ਬਣਾਇਆ ਜਾਵੇ ਕਿ ਅਜਿਹਾ ਕਰਨਾ ਵਿਭਾਗ ਦੀ ਕਾਰਜਕੁਸ਼ਲਤਾ ਦੇ ਹਿੱਤ ਵਿੱਚ ਹੈ ਅਤੇ ਅਜਿਹੀਆਂ ਬਦਲੀਆਂ ਦੀ ਗਿਣਤੀ ਘੱਟ ਤੋਂ ਘੱਟ ਰੱਖੀ ਜਾਵੇ:-

(i) ਪੱਦ-ਉੱਨਤੀਆਂ ਹੋਣ ਕਾਰਨ;
(ii) ਸੇਵਾ-ਨਵਿਰਤੀਆਂ ਕਾਰਨ;
(iii) ਵਿਭਾਗ ਦੀ ਰੀਸਟਰਕਚਰਿੰਗ/ਨਵੀਆਂ ਆਸਾਮੀਆਂ ਦੀ ਰਚਨਾ ਹੋਣ ਕਾਰਨ;
(iv) ਕਿਸੇ ਕਰਮਚਾਰੀ ਦੀ ਮੌਤ, ਅਸਤੀਫੇ, ਡਿਸਮਿਸਲ, ਲੰਮੇ ਸਮੇਂ ਤੇ ਛੁੱਟੀ/ਡੈਪੂਟੇਸ਼ਨ ਜਾਂ ਸਸਪੈਨਸਨ ਕਾਰਨ;
(v) ਕੋਰਟ ਹੁਕਮਾਂ ਅਧੀਨ
(vi) ਸਬੰਧਤ ਕਰਮਚਾਰੀਆਂ ਦੀ ਸਹਿਮਤੀ ਨਾਲ ਆਪਸੀ ਬਦਲੀ।

ਪ੍ਰਬੰਧਕੀ ਵਿਭਾਗ ਵੱਲੋਂ ਕੀਤੀਆਂ ਗਈਆਂ ਮੱਧਕਾਲੀਨ ਬਦਲੀਆਂ ਦੇ ਹੁਕਮਾਂ ਦੀ ਇੱਕ ਕਾਪੀ ਪ੍ਰਸੋਨਲ ਵਿਭਾਗ ਨੂੰ ਭੇਜੀ ਜਾਵੇਗੀ।

4. (ੳ) ਉਪਰੋਕਤ ਤੋਂ ਇਲਾਵਾ ਆਮ ਬਦਲੀਆਂ ਦਾ ਸਮਾਂ ਸਮਾਪਤ ਹੋਣ ਉਪਰੰਤ ਸਬੰਧਤ ਕੈਲੰਡਰ ਸਾਲ ਵਿੱਚ ਬਦਲੀਆਂ ਤੇ ਮੁਕੰਮਲ ਪਾਬੰਦੀ ਹੋਵੇਗੀ। ਸਿਰਫ ਅਸਧਾਰਨ ਹਾਲਾਤ ਵਾਲੇ ਕੇਸਾਂ ਵਿੱਚ ਹੀ ਮੱਧਕਾਲੀਨ ਬਦਲੀ ਪ੍ਰਸੋਨਲ ਵਿਭਾਗ ਰਾਹੀਂ ਮੁੱਖ ਮੰਤਰੀ ਜੀ ਦੀ ਪੂਰਵ ਪਰਵਾਨਗੀ ਨਾਲ ਕੀਤੀ ਜਾਵੇਗੀ ਜਿਸ ਸਬੰਧੀ ਪ੍ਰਬੰਧਕੀ ਵਿਭਾਗ ਵੱਲੋਂ ਸਵੈ-ਸਪੱਸ਼ਟ ਅਤੇ ਮੁਕੰਮਲ ਤਜਵੀਜ਼ ਪ੍ਰਸੋਨਲ ਵਿਭਾਗ ਨੂੰ ਭੇਜੀ ਜਾਵੇਗੀ। ਇਸ ਤਜਵੀਜ਼ ਵਿੱਚ ਪ੍ਰਬੰਧਕੀ ਸਕੱਤਰ ਅਤੇ ਮੰਤਰੀ ਇੰਚਾਰਜ ਵੱਲੋਂ ਮੱਧਕਾਲੀਨ ਬਦਲੀ ਦੀ ਉਚਿੱਤਤਾ (justification) ਦੱਸੀ ਜਾਣੀ ਜਰੂਰੀ ਹੋਵੇਗੀ;

(ਅ) ਮੁੱਖ ਮੰਤਰੀ ਜੀ ਨੂੰ ਕਿਸੇ ਵੀ ਪ੍ਰਬੰਧਕੀ ਵਿਭਾਗ ਵੱਲੋਂ ਮਿੱਥੇ ਸਮੇਂ ਤੋਂ ਬਾਅਦ ਦੀ ਬਦਲੀ ਸਬੰਧੀ ਪ੍ਰਵਾਨਗੀ ਦਾ ਕੇਸ ਸਿੱਧੇ ਤੌਰ ਤੇ ਆਪਣੇ ਪੱਧਰ ਤੇ ਨਹੀਂ ਭੇਜਿਆ ਜਾਵੇਗਾ ਅਤੇ ਸਬੰਧਤ ਪ੍ਰਬੰਧਕੀ ਸਕੱਤਰਾਂ ਵੱਲੋਂ ਇਸ ਨੂੰ ਯਕੀਨੀ ਬਣਾਇਆ ਜਾਵੇਗਾ ਕਿ ਕੇਸ ਪ੍ਰਸੋਨਲ ਵਿਭਾਗ ਰਾਹੀਂ ਹੀ ਮੁੱਖ ਮੰਤਰੀ ਜੀ ਨੂੰ ਪ੍ਰਵਾਨਗੀ ਲਈ ਭੇਜੇ ਜਾਣ;

(ੲ) ਕਿਸੇ ਵੀ ਪ੍ਰਬੰਧਕੀ ਵਿਭਾਗ ਵੱਲੋਂ ਪ੍ਰਸੋਨਲ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਕੋਈ ਮਿਆਦ ਤੋਂ ਬਾਅਦ ਬਦਲੀ "ਇਹ ਸਮਝਦੇ ਹੋਏ ਕਿ ਪ੍ਰਸੋਨਲ ਵਿਭਾਗ ਦੀ ਪ੍ਰਵਾਨਗੀ ਲੈ ਲਈ ਜਾਵੇਗੀ" ਨਹੀਂ ਕੀਤੀ ਜਾਵੇਗੀ।

Aahat